ਦਫ਼ਤਰ : ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋਕ ਨਿਰਮਾਣ ਵਿਭਾਗ ਭਵਨ ਤੇ ਮਾਰਗ ਸ਼ਾਖਾ, ਮਾਨਸਾ।

ਟੈਲੀਫੋਨ/ਫੈਕਸ ਨੰ: 01652-232119 Email ID :- xen.mansa@gmail.com

ਪੱਤਰ ਨੰ...476 ਮਿਤੀ..26/04/2024

ਵੱਲ,

Principal
Manu Vatika Day-Boarding Sr. Sec. English Medium School,
Kulana Road, Budhlada.

ਵਿਸ਼ਾ: ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ। (ਸਾਲ 2024-27)

ਹਵਾਲਾ: ਆਪ ਦਾ ਰੈਫ ਨੰ. MVS/341/2024 ਮਿਤੀ 05/04/2024 ਦੇ ਸਬੰਧ ਵਿੱਚ।

ਤੁਹਾਡੇ ਸਕੂਲ ਬਿਲਡਿੰਗ ਦੀ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋਂ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਹਨਾਂ ਦੀ ਰਿਪੋਰਟ/ਸ਼ਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ:-

- ਸ੍ਰੀ ਕਮਲਦੀਪ ਚਾਵਲਾ ਦੁਆਰਾ ਮਿਤੀ 01.04.2024 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2024-27 (ਤਿੰਨ ਸਾਲ) ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੁਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
- ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਨਿਮਨਹਸਤਾਖਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਨਿਮਨਹਸਤਾਖਰ ਪਾਸੋਂ ਫਿਰ ਤੋਂ ਲਿਆ ਜਾਵੇ।
- ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਨਿਮਨਹਸਤਾਖਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
- ਸਬੰਧਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਬਿਜਲੀ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
- ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
- ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿਚੋਂ ਸੁਰਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਂਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।
- ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।
- ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰ. 2843914 ਮਿਤੀ 10.04.2024 ਰਾਹੀਂ 20,000 ਰੁਪਏ ਪ੍ਰਤੀ ਸਾਲ ਦੇ ਹਿਸਾਬ ਨਾਲ ਤਿੰਨ ਸਾਲਾਂ ਲਈ ਸੱਠ ਹਜਾਰ ਰੁਪਏ (60,000/-) ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ। ਜੇਕਰ ਸਰਕਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਫੀਸ ਵਧਾਈ ਜਾਂਦੀ ਹੈ ਤਾਂ ਸਕੂਲ ਵਧੀ ਹੋਈ ਫੀਸ ਭਰਨ ਲਈ ਪਾਬੰਦ ਹੋਵੇਗਾ।
- ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 02.04.2025 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ। ਹਾਲਾਂਕਿ ਆਰਕੀਟੈਕਟ ਅਨੁਸਾਰ ਸਕੂਲ ਦੀ ਇਮਾਰਤ ਤਿੰਨ ਸਾਲ ਲਈ ਸੇਫ ਜਾਪਦੀ ਹੈ ਪਰੰਤੂ ਫਾਇਰ ਵਿਭਾਗ ਵੱਲੋਂ ਫਾਇਰ ਸੇਫਟੀ ਸਰਟੀਫਿਕੇਟ ਇੱਕ ਸਾਲ ਤੋਂ ਵੱਧ ਜਾਰੀ ਨਹੀ ਕੀਤਾ ਜਾਂਦਾ ਅਤੇ ਫਾਇਰ ਸਕੂਲ ਦੇ ਸਟਰੱਕਚਰ ਨੂੰ ਬਹੁਤ ਜਿਆਦਾ ਪ੍ਰਭਾਵਿਤ ਕਰਦੀ ਹੈ। ਇਸ ਕਾਰਨ ਮਿਤੀ 31.03.2025 ਤੱਕ ਹੀ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।
- ਸਕੂਲ ਵੱਲੋਂ ਹਰ ਸਾਲ ਆਰਕੀਟੈਕਟ/ ਇੰਜੀਨੀਅਰ/ ਮਹਿਕਮਾਂ ਵੱਲੋਂ ਜਾਰੀ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ (2025-26 ਅਤੇ 2026-27) ਨਿਮਨ ਹਸਤਾਖਰ ਦੇ ਦਫਤਰ ਜਮ੍ਹਾਂ ਕਰਵਾਉਣਾ ਜਰੂਰੀ ਹੈ। ਇਹਨਾਂ ਸਰਟੀਫਿਕੇਟਾਂ ਨੂੰ ਇਸ ਦਫਤਰ ਵਿੱਚ ਜਮ੍ਹਾਂ ਕਰਵਾਏ ਤੋਂ ਬਿਨਾਂ ਜਾਰੀ ਇਹ ਸਰਟੀਫਿਕੇਟ ਵੈਲਿਡ ਨਹੀ ਹੈ।
- ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਜੇਕਰ ਅਗਲੇ 2 ਸੈਸ਼ਨ (2025-2026) ਅਤੇ (2026-2027) ਲਈ ਸਕੂਲ ਵੱਲੋਂ ਫਾਇਰ ਸੇਫਟੀ ਸਰਟੀਫਿਕੇਟ ਰੀਨਿਊ ਕਰਵਾ ਲਿਆ ਜਾਂਦਾ ਹੈ ਅਤੇ ਸਕੂਲ ਮੈਨੇਜਮੈਂਟ/ ਪ੍ਰਿੰਸੀਪਲ ਨੂੰ ਲੱਗਦਾ ਹੈ ਕਿ ਇਮਾਰਤ ਵਿੱਚ ਪਿਛਲੇ ਸਾਲ ਨਾਲੋਂ ਕੋਈ ਵੀ ਬਦਲਾਵ ਅਤੇ ਕਰੈਕ ਆਦਿ ਨਾ ਹੋਣ ਕਾਰਨ ਇਸ ਵਿਭਾਗ ਤੋਂ ਇੰਸਪੈਕਸ਼ਨ ਦੀ ਜਰੂਰਤ ਨਹੀ ਹੈ ਤਾਂ ਉਹਨਾਂ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਬਿਨਾਂ ਕੋਈ ਇੰਸਪੈਕਸ਼ਨ ਫੀਸ ਜਮ੍ਹਾਂ ਕਰਵਾਏ 31.03.2027 ਤੱਕ ਸਮਝਿਆ ਜਾਵੇ ਜੀ। ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ, ਛੱਤਾਂ ਆਦਿ ਵਿੱਚ ਕਰੈਕ ਵਗੈਰਾ ਆ ਜਾਣ ਜਾਂ ਸੰਭਾਵਨਾ ਲੱਗੇ ਤਾਂ ਸਕੂਲ ਵੱਲੋਂ ਲੋਕ ਨਿਰਮਾਣ ਵਿਭਾਗ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇਤਾਂ ਸਕੂਲ ਵੱਲੋਂ ਲੋਕ ਨਿਰਮਾਣ ਵਿਭਾਗ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।

ਨੱਥੀ: ਨਕਸ਼ਾ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਬੁਢਲਾਡਾ ਨੂੰ ਉਹਨਾਂ ਦੇ ਪੱਤਰ ਨੰ. 20 ਮਿਤੀ 16/04/2024 ਦੇ ਸਬੰਧ ਵਿੱਚ ਭੇਜ ਕੇ ਲਿਖਿਆ ਜਾਂਦਾ ਹੈ ਕਿ ਆਪ ਦੀ ਸਿਫਾਰਿਸ਼ ਨੂੰ ਮੁੱਖ ਰੱਖਦੇ ਹੋਏ ਉਕਤ ਸਕੂਲ ਨੂੰ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭ ਤੇ ਮ ਸ਼ਾਖਾ,
ਮਾਨਸਾ।

Scanned with OKEN Scanner